# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :01-03-2026**

ਪੱਛਮੀ ਏਸ਼ੀਆ ਵਿੱਚ ਭਾਰਤੀ ਦੂਤਾਘਰਾਂ ਨੇ, ਈਰਾਨ ਉੱਤੇ ਅਮਰੀਕਾ ਅਤੇ ਇਜ਼ਰਾਈਲੀ ਹਮਲੇ ਦੇ ਮੱਦੇਨਜ਼ਰ ਭਾਰਤੀ ਨਾਗਰਿਕਾਂ ਨੂੰ ਦਿਸ਼ਾ-ਨਿਰਦੇਸ਼ਾਂ ਤੇ ਸਲਾਹ ਦੀ ਪਾਲਣਾ ਕਰਨ ਬਾਰੇ  ਅਪੀਲ ਕੀਤੀ ਏ । ਇਨ੍ਹਾਂ ਦੂਤਾਘਰਾਂ ਨੇ ਭਾਰਤੀ ਨਾਗਰਿਕਾਂ ਨੂੰ ਬਹੁਤ ਜ਼ਿਆਦਾ ਸਾਵਧਾਨੀ ਵਰਤਣ ਅਤੇ ਬੇਲੋੜੀ ਯਾਤਰਾ ਤੋਂ ਬਚਣ ਦੀ ਅਪੀਲ ਕੀਤੀ ਏ । ਦੂਤਾਘਰਾਂ ਨੇ ਕਿਸੇ ਵੀ ਹੰਗਾਮੀ  ਸਥਿਤੀ ਵਿੱਚ ਸਹਾਇਤਾ ਲਈ ਹੈਲਪਲਾਈਨ ਨੰਬਰ ਅਤੇ ਈਮੇਲ ਪਤੇ ਵੀ ਜਾਰੀ ਕੀਤੇ ਨੇ ।

----------------------------------------------------------------------

ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਚੰਡੀਗੜ੍ਹ ਕੌਮਾਂਤਰੀ  ਮੈਰਾਥਨ ਦੀ ਮੇਜ਼ਬਾਨੀ ਕੀਤੀ , ਜੋ ਸ਼ਹਿਰ ਦੇ ਖੇਡ ਇਤਿਹਾਸ ਵਿੱਚ ਇੱਕ ਇਤਿਹਾਸਕ ਪਲ ਸਾਬਿਤ ਹੋਇਆ  । ਇਸ ਮੈਰਾਥਨ ਨੂੰ ਪੰਜਾਬ ਦੇ

ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਵੇਰੇ 7 ਵਜੇ ਚੰਡੀਗੜ੍ਹ ਕਲੱਬ, ਸੈਕਟਰ 1 ਤੋਂ ਰਵਾਨਾ ਕੀਤਾ। ਇਸ ਬਾਰੇ ਸ੍ਰੀ ਕਟਾਰੀਆ ਨੇ ਕਿਹਾ ਕਿ ਖੇਡ ਵਿਭਾਗ ਵਲੋਂ ਕਰਵਾਈ ਗਈ | ਇਹ ਮੈਰਾਥਨ ਚੰਡੀਗੜ੍ਹ ਵਿੱਚ ਹੋਣ ਵਾਲੀ ਪਹਿਲੀ ਕੌਮਾਂਤਰੀ ਮੈਰਾਥਨ ਏ ਅਤੇ ਆਪਣੀ ਕਿਸਮ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਖੇਡ ਗਤੀਵਿਧੀ ਬਣ ਗਈ ਏ। "ਦੌੜੋ , ਉੱਠੋ, ਦੁਹਰਾਓ" ਥੀਮ 'ਤੇ ਆਧਾਰਿਤ, ਮੈਰਾਥਨ ਦਾ ਉਦੇਸ਼ ਹਰ ਉਮਰ ਵਰਗ ਦੇ ਲੋਕਾਂ ਨੂੰ ਤੰਦਰੁਸਤੀ, ਲਗਨ ਅਤੇ ਦ੍ਰਿੜਤਾ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਰਿਹਾ । ਇਸ ਦੌਰਾਨ ਚਾਰ ਪ੍ਰਮੁੱਖ ਸ਼੍ਰੇਣੀਆਂ 42.19 ਕਿਲੋਮੀਟਰ, 21.09 ਕਿਲੋਮੀਟਰ, 10 ਕਿਲੋਮੀਟਰ ਅਤੇ 5 ਕਿਲੋਮੀਟਰ ਵਿੱਚ ਮੁਕਾਬਲਾ ਕਰਵਾਏ ਗਏ । 38 ਕੌਮਾਂਤਰੀ ਐਥਲੀਟਾਂ ਸਮੇਤ 3500 ਤੋਂ ਵੱਧ ਦੌੜਾਕਾਂ ਦੇ ਹਿੱਸਾ ਲਿਆ। ਮੈਰਾਥਨ ਲਈ ਕੁੱਲ ਇਨਾਮੀ ਰਕਮ 1 ਕਰੋੜ 16 ਹਜ਼ਾਰ ਰੁਪਏ ਨਿਰਧਾਰਤ ਕੀਤੀ ਗਈ ।

---

ਚੰਡੀਗੜ੍ਹ ਸਟੇਟ ਏਡਸ ਕੰਟਰੋਲ ਸੋਸਾਇਟੀ ਵਲੋਂ 26 ਤੋਂ 27 ਫਰਵਰੀ

ਤਕ ਦੋ  ਦਿਨਾਂ ਨੈਸ਼ਨਲ ਕਾਨਫਰੰਸ ਏਡਸਕੋਨ 14 - "ਏਡਸ-ਮੁਕਤ ਵਿਸ਼ਵ ਵੱਲ" ਦਾ ਆਯੋਜਨ  ਕੀਤਾ ਗਿਆ । ਕਾਨਫਰੰਸ ਵਿੱਚ HIV ਰੋਕਥਾਮ ਰਣਨੀਤੀਆਂ, ਡਿਜੀਟਲ ਟੈਸਟਿੰਗ , HPV ਟੀਕਾਕਰਣ ਸਬੰਧੀ ਮੁੱਦਿਆਂ ਅਤੇ ਮਾਤਾ ਤੋਂ ਬੱਚੇ ਵਿੱਚ ਸੰਕ੍ਰਮਣ ਦੀ ਰੋਕਥਾਮ ਜਿਹੇ ਵਿਸ਼ਿਆਂ 'ਤੇ ਤਕਨੀਕੀ ਸੈਸ਼ਨ ਕਰਵਾਏ ਗਏ। ਪੋਸਟ ਗ੍ਰੈਜੂਏਟ ਇੰਸਟੀਟਿਊਟ ਆਵ੍ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ ਅਤੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਸਮੇਤ  ਪ੍ਰਮੁੱਖ ਸੰਸਥਾਵਾਂ ਦੇ ਮਾਹਰਾਂ ਨੇ ਪ੍ਰਮਾਣ-ਅਧਾਰਿਤ ਸੁਝਾਅ ਸਾਂਝੇ ਕੀਤੇ । HIV ਨਾਲ ਜੀਵਨ ਜੀਣ ਵਾਲੇ  ਵਿਅਕਤੀਆਂ ਅਤੇ ਨਸ਼ਾ ਮੁਕਤੀ ਨਾਲ ਜੁੜੇ ਲੋਕਾਂ ਨੇ ਆਪਣੇ ਤਜਰਬੇ ਸਾਂਝੇ ਕੀਤੇ ।

---------------------------------------------------------------------

ਪੰਜਾਬ ਸਰਕਾਰ ਨੇ ਮੰਡੀ ਗੋਬਿੰਦਗੜ੍ਹ ਦੇ ਵਜ਼ੀਰਾਬਾਦ ਦੇ ਇੰਡਸਟਰੀਅਲ ਪਾਰਕ ਵਿਖੇ ਕਾਰਗਿਲ ਕੰਪਨੀ ਦੇ 300 ਕਰੋੜ ਰੁਪਏ ਦੇ ਪਸ਼ੂ ਚਾਰਾ ਪਲਾਂਟ ਨੂੰ ਚਾਲੂ ਕਰ ਦਿੱਤਾ ਏ, ਜੋ ਦੱਖਣੀ ਏਸ਼ੀਆ ਵਿੱਚ ਆਪਣੀ ਕਿਸਮ ਦਾ ਸਭ ਤੋਂ ਵੱਡਾ ਪਲਾਂਟ ਏ  | ਮੁੱਖ ਮੰਤਰੀ ਭਗਵੰਤ

ਸਿੰਘ ਮਾਨ ਨੇ ਕਿਹਾ ਕਿ ਬਠਿੰਡਾ ਤੋਂ ਬਾਅਦ ਇਹ ਪੰਜਾਬ ਵਿੱਚ ਕਾਰਗਿਲ ਦੀ ਦੂਜੀ ਵੱਡੀ ਯੂਨਿਟ ਏ ਜੋ ਸੂਬੇ ਦੀ ਖੇਤੀਬਾੜੀ-ਉਦਯੋਗਿਕ ਲੜੀ ਨੂੰ ਹੋਰ ਮਜ਼ਬੂਤ ਕਰਦੀ ਏ । ਉਨ੍ਹਾਂ ਕਿਹਾ, ਕਿ ਇਹ ਪ੍ਰੋਜੈਕਟ ਉੱਚ-ਗੁਣਵੱਤਾ ਵਾਲੇ ਪਸ਼ੂ ਚਾਰੇ ਦੀ ਸਥਾਨਕ ਉਪਲਬਧਤਾ ਨੂੰ ਯਕੀਨੀ ਬਣਾ ਕੇ ਕਿਸਾਨਾਂ ਨੂੰ ਸਿੱਧਾ ਲਾਭ ਪ੍ਰਦਾਨ ਕਰੇਗਾ, ਜਿਸ ਨਾਲ ਦੁੱਧ ਦੀ ਪੈਦਾਵਾਰ, ਗੁਣਵੱਤਾ ਅਤੇ ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਹੋਵੇਗਾ। ਵਿਗਿਆਨਕ ਤੌਰ 'ਤੇ ਵਿਕਸਤ ਫੀਡ, ਪਸ਼ੂਆਂ ਦੀ ਸਿਹਤ ਅਤੇ ਉਤਪਾਦਕਤਾ ਵਧਾਏਗੀ, ਜਿਸ ਨਾਲ ਪੰਜਾਬ ਦੇ ਡੇਅਰੀ ਖੇਤਰ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਣ ਵਿੱਚ ਮਦਦ ਮਿਲੇਗੀ। ਮੁੱਖ ਮੰਤਰੀ ਨੇ ਕਿਹਾ ਕਿ 300 ਕਰੋੜ ਰੁਪਏ ਦੇ ਨਿਵੇਸ਼ ਨਾਲ ਸਥਾਪਿਤ ਇਹ ਪਲਾਂਟ ਉਦਯੋਗਿਕ ਵਿਕਾਸ ਅਤੇ ਨਿਵੇਸ਼ਕਾਂ ਦੀ ਸਹੂਲਤ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੀ ਪੁਸ਼ਟੀ ਕਰਦਾ ਏ । ਪ੍ਰਾਜੈਕਟ ਦੇ ਪੱਧਰ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 15 ਏਕੜ ਤੋਂ ਵੱਧ ਰਕਬੇ ਵਿੱਚ ਫੈਲੇ ਕਾਰਗਿਲ ਪਲਾਂਟ ਦੀ ਸਾਲਾਨਾ ਉਤਪਾਦਨ ਸਮਰੱਥਾ ਸਾਢੇ 4 ਲੱਖ ਮੀਟਰਿਕ ਟਨ ਏ ।

---------------------------------------------------------------------

ਛੇ ਰੋਜ਼ਾ ਹੋਲੇ ਮਹੱਲੇ ਦਾ ਪਹਿਲਾ ਪੜਾਓ ਕੀਰਤਪੁਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਸਮਾਪਤ ਹੋ ਗਿਆ। ਇਸ ਦੌਰਾਨ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮਾਪਤੀ ਦੀ ਅਰਦਾਸ ਕੀਤੀ ਗਈ ਅਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਗੁਰੂ ਘਰਾਂ ਵਿੱਚ ਨਤਮਸਤਕ ਹੋਣ ਲਈ ਸੱਦਾ ਦਿੱਤਾ। ਉਹਨਾਂ ਕਿਹਾ ਕਿ ਸਾਨੂੰ ਆਪਣੇ ਸਿਧਾਂਤਾਂ ਅਤੇ ਗੁਰੂਆਂ ਵਲੋਂ ਬਖਸ਼ੀਆਂ ਦਾਤਾਂ ਤੇ ਹਮੇਸ਼ਾ ਧਿਆਨ ਦੇਣਾ ਚਾਹੀਦਾ ਏ । ਕੱਲ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਰੱਖੇ ਜਾਣਗੇ ਤੇ ਚਾਰ ਮਾਰਚ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਮਹੱਲਾ ਸਜਾਇਆ ਜਾਵੇਗਾ।

---------------------------------------------------------------------

ਪੰਜਾਬ ਸਰਕਾਰ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ 'ਖੇਡ ਪਿਟਾਰਾ', ਇੱਕ ਵਿਆਪਕ ਖੇਡ-ਅਧਾਰਤ ਸਿਖਲਾਈ ਕਿੱਟ, ਪ੍ਰਦਾਨ ਕਰੇਗੀ, ਜਿਸ

ਦਾ ਉਦੇਸ਼ ਛੋਟੇ ਬੱਚਿਆਂ ਲਈ ਮਨੋਰੰਜਕ ਢੰਗ ਨਾਲ ਅਰਥਪੂਰਨ ਸਿੱਖਿਆ ਨੂੰ ਯਕੀਨੀ ਬਣਾਉਣਾ ਏ। ਸਰਕਾਰ 3 ਤੋਂ 8 ਸਾਲ ਤੱਕ ਦੀ ਉਮਰ ਦੇ ਬੱਚਿਆਂ 'ਤੇ ਧਿਆਨ ਕੇਂਦਰਿਤ ਕਰਕੇ ਸਿੱਖਣ ਦੀ ਬੁਨਿਆਦ ਨੂੰ ਮੁੱਢਲੇ ਗੇੜ 'ਤੇ ਵਧੇਰੇ ਮਜ਼ਬੂਤੀ ਦੇ ਰਹੀ ਏ , ਜੋ ਭਵਿੱਖ ਦੀ ਅਕਾਦਮਿਕ ਸਫ਼ਲਤਾ, ਵਿਸ਼ਵਾਸ ਅਤੇ ਬੌਧਿਕ ਵਿਕਾਸ ਨੂੰ ਨਿਰਧਾਰਤ ਕਰਦਾ ਏ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਇਸ ਪਹਿਲਕਦਮੀ ਨਾਲ ਸੂਬੇ ਭਰ ਵਿੱਚ ਇਹ ਪਹਿਲਕਦਮੀ ਸਰਕਾਰ ਦੀ ਨਰਸਰੀ ਤੋਂ ਦੂਜੀ ਕਲਾਸ ਤੱਕ ਦੇ ਲਗਭਗ ਸਾਢੇ 7 ਲੱਖ ਬੱਚਿਆਂ ਨੂੰ ਲਾਭ ਮਿਲੇਗਾ। ਖੇਡ ਪਿਟਾਰਾ ਕਿੱਟਾਂ ਪੰਜਾਬ ਭਰ ਵਿੱਚ ਲਗਭਗ 12 ਹਜ਼ਾਰ 856 ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਵੰਡੀਆਂ ਜਾਣਗੀਆਂ। ਫਾਊਂਡੇਸ਼ਨਲ ਸਟੇਜ ਕਲਾਸਾਂ ਨੂੰ ਸੰਭਾਲਣ ਵਾਲੇ ਅਧਿਆਪਕਾਂ ਨੂੰ ਕਲਾਸਰੂਮ ਵਿੱਚ ਬਿਹਤਰ ਲਾਗੂਕਰਨ ਲਈ ਗਤੀਵਿਧੀ-ਅਧਾਰਤ ਸਿੱਖਿਆ ਸਮੱਗਰੀ ਰਾਹੀਂ ਢਾਂਚਾਗਤ ਸਹਾਇਤਾ ਵੀ ਮਿਲੇਗੀ। ਭਗਵੰਤ ਮਾਨ ਸਰਕਾਰ ਇਸ ਪਹਿਲਕਦਮੀ ਵਿੱਚ ਲਗਭਗ 9 ਕਰੋੜ 30 ਲੱਖ ਦਾ ਨਿਵੇਸ਼ ਕਰ ਰਹੀ ਏ। ਖਰੀਦ ਸਮੇਂ ਸਿਰ ਪੂਰੀ ਕਰ ਲਈ ਗਈ ਏ ,

ਵੰਡ ਆਖਰੀ ਪੜਾਅ ਅਧੀਨ ਏ  ਅਤੇ ਸਕੂਲਾਂ ਨੂੰ ਸਪਲਾਈ ਕਰਨ ਦੇ ਹੁਕਮ ਜਾਰੀ ਕੀਤੇ ਜਾ ਰਹੇ ਨੇ। ਇਹ ਕਿੱਟਾਂ ਪਹਿਲੀ ਅਪ੍ਰੈਲ ਤੱਕ ਸਾਰੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਵੰਡੀਆਂ ਜਾਣਗੀਆਂ। ਖੇਡ ਪਿਟਾਰਾ ਇੱਕ ਵਿਆਪਕ ਖੇਡ-ਅਧਾਰਤ ਸਿੱਖਣ ਅਧਿਆਪਨ ਸਮਗਰੀ ਕਿੱਟ ਏ , ਜੋ 3 ਤੋਂ 8 ਸਾਲ ਦੀ ਉਮਰ ਦੇ ਬੱਚਿਆਂ ਲਈ ਤਿਆਰ ਕੀਤੀ ਗਈ ਏ ਅਤੇ ਇਹ ਨਰਸਰੀ ਤੋਂ ਦੂਸਰੀ ਜਮਾਤ ਤੱਕ ਨੂੰ ਕਵਰ ਕਰਦੀ ਏ। ਇਹ ਕਿੱਟ ਬੱਚਿਆਂ ਨੂੰ ਯਾਦ ਰੱਖਣ ਦੀ ਬਜਾਏ ਮਨੋਰੰਜਨ ਗਤੀਵਿਧੀਆਂ ਅਤੇ ਆਪਸੀ ਤਾਲਮੇਲ ਰਾਹੀਂ ਸਿੱਖਣ ਦੇ ਯੋਗ ਬਣਾ ਕੇ ਤਜਰਬੇ , ਗਤੀਵਿਧੀ-ਅਧਾਰਤ ਅਤੇ ਮਨੋਰੰਜਕ ਢੰਗ ਨਾਲ ਸਿੱਖਣ ਨੂੰ ਉਤਸ਼ਾਹਿਤ ਕਰਦੀ ਏ।

---------------------------------------------------------------------------

ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਦੀ ਸਿਹਤ, ਸੁਰੱਖਿਆ ਤੇ ਮਾਣ ਸਨਮਾਨ ਨੂੰ ਯਕੀਨੀ ਬਣਾਉਣ ਲਈ   ਸੂਬਾ ਪੱਧਰੀ ਮੁਹਿੰਮ "ਸਾਡੇ ਬਜ਼ੁਰਗ ਸਾਡਾ ਮਾਣ" ਤਹਿਤ ਲਗਾਏ ਗਏ ਸਿਹਤ ਚੈਕਅੱਪ ਕੈਂਪਾਂ ਰਾਹੀਂ 22 ਹਜ਼ਾਰ ਤੋਂ ਵੱਧ ਬਜ਼ੁਰਗ ਨਾਗਰਿਕਾਂ ਨੂੰ ਰਜਿਸਟਰ ਕਰਕੇ ਵੱਖ-ਵੱਖ

ਸਰਕਾਰੀ ਭਲਾਈ ਸਹੂਲਤਾਂ ਨਾਲ ਜੋੜਿਆ ਏ । ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2025–26 ਦੌਰਾਨ ਬਜ਼ੁਰਗਾਂ ਦੀ ਸੰਪੂਰਨ ਦੇਖਭਾਲ ਲਈ 7 ਕਰੋੜ 86 ਲੱਖ  ਦਾ ਬਜਟ ਉਪਬੰਧ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਸਿਹਤ ਕੈਂਪਾਂ ਦੌਰਾਨ ਬਜ਼ੁਰਗਾਂ ਦੀ ਸਿਹਤ ਜਾਂਚ, ਆਰਥੋਪੈਡਿਕ ਮੁਆਇਨਾ ਅਤੇ  ਅੱਖਾਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਬਜ਼ੁਰਗਾਂ ਨੇ ਯੋਗਾ ਸੈਸ਼ਨ ,ਹੋਮਿਓਪੈਥਿਕ ਅਤੇ ਆਯੁਰਵੇਦਿਕ ਇਲਾਜ ਸਮੇਤ ਸਹਾਇਕ ਉਪਕਰਣਾਂ ਦਾ ਲਾਭ ਲਿਆ, ਜਿਸ ਨਾਲ ਉਨ੍ਹਾਂ ਦੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਨੂੰ ਮਜ਼ਬੂਤੀ ਮਿਲੀ। ਕੈਬਨਿਟ ਮੰਤਰੀ ਨੇ ਹੋਰ ਦੱਸਿਆ ਕਿ ਅਲੀਮਕੋ ਯੋਜਨਾ ਤਹਿਤ 89 ਨੂੰ ਵੀਲ੍ਹਚੇਅਰ, ਐਨਕਾਂ ਅਤੇ ਸੁਣਨ ਉਪਕਰਨ ਮੁਹੱਈਆ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਫਰੀਦਕੋਟ ਅਤੇ ਸੰਗਰੂਰ ਵਿੱਚ ਜਲਦ ਹੀ ਇਹ ਕੈਂਪ ਲਗਾਏ ਜਾਣਗੇ। ਬਜ਼ੁਰਗਾਂ ਲਈ ਪੰਜਾਬ ਸਰਕਾਰ ਵੱਲੋਂ ਹੈਲਪ ਲਾਈਨ ਨੰਬਰ 14-56-7 ਸ਼ੁਰੂ ਕੀਤੀ ਗਈ ਏ । ਇਸ ਹੈਲਪ ਲਾਈਨ ‘ਤੇ ਫੋਨ

ਕਰਕੇ ਕੋਈ ਵੀ ਬਜ਼ੁਰਗ ਨਾਗਰਿਕ ਤੁਰੰਤ ਸਹਾਇਤਾ ਪ੍ਰਾਪਤ ਕਰ ਸਕਦਾ ਏ।

---------------------------------------------------------------------------

ICC ਟਵੇਂਟੀ -ਟਵੇਂਟੀ  ਕ੍ਰਿਕਟ ਵਿਸ਼ਵ ਕੱਪ ਵਿੱਚ ਅੱਜ ਭਾਰਤ ਦਾ ਮੁਕਾਬਲਾ ਵੈਸਟਇੰਡੀਜ਼ ਨਾਲ ਹੋਵੇਗਾ। ਇਹ ਮੈਚ ਕੋਲਕਾਤਾ ਦੇ ਈਡਨ ਗਾਰਡਨ ਵਿਖੇ ਸ਼ਾਮ 7 ਵਜੇ ਖੇਡਿਆ ਜਾਵੇਗਾ। ਇਸ ਮੈਚ ਦਾ ਨਤੀਜਾ, ਟੂਰਨਾਮੈਂਟ ਵਿੱਚ ਭਾਰਤ ਦੇ ਭਵਿੱਖ ਦਾ ਫੈਸਲਾ ਕਰੇਗਾ। ਦੱਖਣੀ ਅਫਰੀਕਾ ਅਤੇ ਜ਼ਿੰਬਾਬਵੇ ਵਿਚਕਾਰ ਦੂਜਾ ਮੈਚ ਅਰੁਣ ਜੇਤਲੀ ਸਟੇਡੀਅਮ ਵਿੱਚ ਬਾਅਦ ਦੁਪਹਿਰ 3 ਵਜੇ ਖੇਡਿਆ ਜਾਵੇਗਾ। ਸੁਪਰ 8 ਮੈਚ ਵਿੱਚ ਸ੍ਰੀਲੰਕਾ 'ਤੇ ਪੰਜ ਦੌੜਾਂ ਨਾਲ ਜਿੱਤ ਦੇ ਬਾਵਜੂਦ, ਪਾਕਿਸਤਾਨ ਟੂਰਨਾਮੈਂਟ ਤੋਂ ਬਾਹਰ ਹੋ ਗਿਆ ਏ ਜਦਕਿ ਨਿਊਜ਼ੀਲੈਂਡ ਨੇ ਸੈਮੀਫਾਈਨਲ ਵਾਸਤੇ ਕੁਆਲੀਫਾਈ ਕਰ ਲਿਆ ਏ। ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਸੈਮੀਫਾਈਨਲ 4 ਅਤੇ 5 ਮਾਰਚ ਨੂੰ ਹੋਣੇਗੇ , ਜਦੋਂ ਕਿ ਫਾਈਨਲ 8 ਮਾਰਚ ਨੂੰ ਖੇਡਿਆ ਜਾਵੇਗਾ।

---------------------------------------------------------------------------